Vigilance Bureau, Punjab

# Vigilance Bureau registers criminal case against two JE's of Panchayat Dept, Panchayat Secretary and 2 ex Sarpanches for misappropriation of Rs. 20 lakh

Chandigarh May 25:

Punjab Vigilance Bureau today registered a corruption case against two former Sarpanchs of village Kotla Suleman, District Fatehgarh Sahib, two Junior Engineers posted at BDPO office Fatehgarh Sahib along with a Panchayat Secretary of Rural Development Department. In this connection, a criminal case has been registered under various sections for embezzlement of funds to the tune of Rs 20.67 lakhs and misappropriating measurement book of the gram Panchayat worth Rs. 2.86 Crore.

Disclosing this here today, a spokesperson of Punjab Vigilance Bureau said that a FIR no 10 has been registered against former Sarpanch Tarlochan Singh of village Kotla Suleman, District Fatehgarh Sahib, Panch Ranjodh Singh and two Junior Engineers Lalit Goyal and Lukesh Thamman posted at BDPO office Fatehgarh Sahib along with Panchayat Secretary Pavitar Singh under sections 409, 201, 120B of IPC and 13(1) A & 13(2) of Prevention of Corruption Act for embezzling Rs. 20.67 lakh in the Gram Panchayat funds at VB police station Patiala on 25-05-2022.

He revealed that during the investigation of the complaint no 65/2019, it has came to light that Tarlochan Singh was the Sarpanch of Gram Panchayat Kotla Suleman before the working Punch Ranjodh Singh. During the tenure of Tarlochan Singh, Indian Railways had acquired the Panchayat land of Village Suleman and Gram Panchayat received an amount of Rs. Rs. 4,18,00000 and the total amount in the panchayat account was Rs. 4,20,25,000 including from other sources.

He further added that out of this amount, Rs. 2,86,25000 have been spent by Tarlochan Singh on the development works in the village and Rs. 1,34,00,000 were left in the Panchayat bank account by Tarlochan Singh. The remaining amount was spent by Ranjodh Singh on village development works but Mr. Tarsem Lal, Executive Engineer of PWD, Jalandhar has prepared a report which depicts that financial loss to the tune of Rs. 27,59,538 had occurred after investigating the work done by Ranjodh Singh in the village Suleman.

The spokesperson informed that work carried out during the tenure of Ranjodh Singh in the Village Kotla Suleiman was checked by Vigilance Bureau team, along with Technical Team. According to the final report of the VB technical team a scam of Rs. 20,67,068 have been found from 05-01-2018 to 13-07-2018 in the name of development works which was done by Ranjodh Singh incumbent Punch in connivance with Lukesh Thamman JE and Pavitar Singh, Panchayat Secretary.

Sharing more details, he said that according to the report of the technical team, the Gram panchayat of village Kotla Salman had to get the technical approval before carrying out any development works because the quantity and rate of the material have to be approved on the basis of technical report. However, technical approval was not taken by Lukesh Thamman JE and Pavitar Singh Panchayat Secretary in connivance with Ranjodh Singh, a former Punch.

Apart from this, Lalit Goyal JE posted during the tenure of Tarlochan Singh, former Sarpanch, was repeatedly asking for measurement book to check the development works in the village Kotla Suleiman. However, Lalit Goyal JE did not produced his measurement book even after repeated requests during the investigation nor did Lalit Goyal JE submitted the measurement book to the department. By misusing his official position, Lokesh Thamman JE has commenced development works in the village Kotla Suleiman with a new measurement book without informing the concerned BDPO office.

The spokesperson further stated that after investigation, it has came to fore that Ranjodh Singh, former Panch, Tarlochan Singh, former Sarpanch of village Kotla Suleiman and Lalit Goel JE, Lukesh Thamman JE, Pavitar Singh Panchayat Secretary of BDPO office Fatehgarh Sahib in connivance with other has embezzled the amount to the tune of Rs. 20,67,068 which was received from railways on account of purchasing the land worth Rs. 4,20,25000 by tempered the measurement book of worth Rs. 2,86,25000. Due to this, further investigation is under progress after registering the case against these officials.

--------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵੱਲੋਂ 20 ਲੱਖ ਰੁਪਏ ਦੇ ਘਪਲੇ ਦੇ ਦੋਸ ਚ ਪੰਚਾਇਤ ਵਿਭਾਗ ਦੇ ਦੋ ਜੇਈ, ਇੱਕ ਪੰਚਾਇਤ ਸਕੱਤਰ ਤੇ ਦੋ ਸਰਪੰਚਾਂ ਖਿਲਾਫ ਮੁਕੱਦਮਾ ਦਰਜ

ਚੰਡੀਗੜ੍ਹ, 25 ਮਈ –

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਪਿੰਡ ਕੋਟਲਾ ਸੁਲੇਮਾਨ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਸਾਬਕਾ ਸਰਪੰਚ ਤਰਲੋਚਨ ਸਿੰਘ, ਅਧਿਕਾਰਤ ਪੰਚ ਰਣਜੋਧ ਸਿੰਘ, ਬੀਡੀਪੀਓ ਦਫਤਰ ਫਤਹਿਗੜ੍ਹ ਸਾਹਿਬ ਦੇ ਦੋ ਜੂਨੀਅਰ ਇੰਜਨੀਅਰ ਲਲਿਤ ਗੋਇਲ ਜੂਨੀਅਰ ਇੰਜੀਨੀਅਰ ਅਤੇ ਲੁਕੇਸ਼ ਥੰਮ੍ਹਣ ਸਮੇਤ ਪੰਚਾਇਤ ਸਕੱਤਰ ਪਵਿੱਤਰ ਸਿੰਘ ਨੂੰ ਗ੍ਰਾਮ ਪੰਚਾਇਤ ਦੇ ਫੰਡਾਂ ਵਿੱਚ 20.67 ਲੱਖ ਰੁਪਏ ਦਾ ਘਪਲਾ ਕਰਨ ਅਤੇ ਪੰਚਾਇਤ ਦੀ 2.86 ਕਰੋੜ ਰੁਪਏ ਦੇ ਹਿਸਾਬ ਵਾਲੀ ਮਾਪ ਪੁਸਤਕ ਖੁਰਦ-ਬੁਰਦ ਕਰਨ ਬਦਲੇ ਵੱਖ-ਵੱਖ ਫੌਜਦਾਰੀ ਧਾਰਾਵਾਂ ਹੇਠ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਵਿਜੀਲੈਂਸ ਬਿਊਰੋ ਦੇ ਇਕ ਬੁਲਾਰੇ ਨੇ ਦੱਸਿਆ ਕਿ ਉਕਤ ਦੋਸੀਆਂ ਖਿਲਾਫ ਖਿਲਾਫ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਆਈ ਪੀ ਸੀ ਦੀ ਧਾਰਾ 409, 201, 120- ਅਤੇ ਭ੍ਰਿਸਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1)ਏ ਤੇ 13(2) ਤਹਿਤ ਅੱਜ ਮਿਤੀ 25-05-2022 ਨੂੰ ਮੁਕੱਦਮਾ ਨੰਬਰ 10 ਦਰਜ ਕਰਕੇ ਮੁਲਜਮਾਂ ਦੀ ਗ੍ਰਿਫਤਾਰੀ ਲਈ ਟੀਮਾਂ ਗਠਿਤ ਕਰ ਦਿੱਤੀਆਂ ਹਨ।

ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤ ਨੰਬਰ 65/2019 ਫਤਹਿਗੜ੍ਹ ਸਾਹਿਬ ਦੀ ਪੜਤਾਲ ਦੌਰਾਨ ਪਾਇਆ ਗਿਆ ਕਿ ਰਣਜੋਧ ਸਿੰਘ ਅਧਿਕਾਰਤ ਪੰਚ ਤੋਂ ਪਹਿਲਾਂ ਗ੍ਰਾਮ ਪੰਚਾਇਤ ਪਿੰਡ ਕੋਟਲਾ ਸੁਲੇਮਾਨ ਦਾ ਸਰਪੰਚ ਤਰਲੋਚਨ ਸਿੰਘ ਰਿਹਾ ਸੀ ਜਿਸ ਦੇ ਕਾਰਜਕਾਲ ਦੌਰਾਨ ਗ੍ਰਾਮ ਪੰਚਾਇਤ ਪਿੰਡ ਕੋਟਲਾ ਸੁਲੇਮਾਨ ਦੀ ਪੰਚਾਇਤੀ ਜ਼ਮੀਨ ਨੂੰ ਰੇਲਵੇ ਵਿਭਾਗ ਵੱਲੋਂ ਐਕਵਾਇਰ ਹੋਣ ਕਰਕੇ ਗ੍ਰਾਮ ਪੰਚਾਇਤ ਪਿੰਡ ਕੋਟਲਾ ਸੁਲੇਮਾਨ ਨੂੰ ਰਕਮ ਕਰੀਬ 4,18,00000ਰੁਪਏ ਅਤੇ ਹੋਰਾਂ ਵਸੀਲਿਆਂ ਤੋਂ ਕੁੱਲ 4,20,25,000 ਰੁਪਏ ਪ੍ਰਾਪਤ ਹੋਏ ਸਨ ਅਤੇ ਇਸ ਉਕਤ ਰਕਮ ਵਿੱਚੋਂ ਤਰਲੋਚਨ ਸਿੰਘ ਸਾਬਕਾ ਸਰਪੰਚ ਵੱਲੋਂ ਰਕਮ 2,86,25000 ਰੁਪਏ ਪਿੰਡ ਵਿਚ ਵਿਕਾਸ ਦੇ ਕੰਮਾਂ ਉੱਪਰ ਖ਼ਰਚ ਕੀਤੀ ਗਈ ਹੈ ਅਤੇ ਤਰਲੋਚਨ ਸਿੰਘ ਵੱਲੋਂ 1,34,00000 ਰੁਪਏ ਪੰਚਾਇਤੀ ਖਾਤੇ ਵਿਚ ਛੱਡੇ ਗਏ ਸਨ

ਇਹ ਬਚਦੀ ਰਕਮ ਰਣਜੋਧ ਸਿੰਘ ਅਧਿਕਾਰਤ ਪੰਚ ਵੱਲੋਂ ਵਿਕਾਸ ਦੇ ਨਾਮ ਪਰ ਖਰਚ ਕੀਤੀ ਗਈ ਦਿਖਾਈ ਗਈ ਹੈ ਜਦੋਂ ਕਿ ਰਣਜੋਧ ਸਿੰਘ ਅਧਿਕਾਰਤ ਪੰਚ ਵੱਲੋਂ ਕਰਵਾਏ ਗਏ ਕੰਮਾਂ ਦੀ ਪਹਿਲਾਂ ਸ੍ਰੀ ਤਰਸੇਮ ਲਾਲ ਕਾਰਜਕਾਰੀ ਇੰਜੀਨੀਅਰ ਪੰਚਾਇਤੀ ਰਾਜ ਲੋਕ ਨਿਰਮਾਣ ਮੰਡਲ ਜਲੰਧਰ ਵੱਲੋਂ ਪੜਤਾਲ ਕਰਕੇ ਰਕਮ 27,59,538 ਰੁਪਏ ਦਾ ਵਿੱਤੀ ਨੁਕਸਾਨ ਪਹੁੰਚਾਉਣ ਲਈ ਰਿਪੋਰਟ ਤਿਆਰ ਕੀਤੀ ਗਈ ਸੀ

ਰਣਜੋਧ ਸਿੰਘ ਅਧਿਕਾਰਤ ਪੰਚ ਗ੍ਰਾਮ ਪੰਚਾਇਤ ਪਿੰਡ ਕੋਟਲਾ ਸੁਲੇਮਾਨ ਦੇ ਅਰਸੇ ਦੌਰਾਨ ਕਰਵਾਏ ਗਏ ਕੰਮਾਂ ਦੀ ਵਿਜੀਲੈਂਸ ਬਿਊਰੋ ਪੰਜਾਬ ਐਸਏਐਸ ਨਗਰ ਦੀ ਤਕਨੀਕੀ ਟੀਮ-1 ਨੂੰ ਨਾਲ ਲੈ ਕੇ ਚੈਕਿੰਗ ਕੀਤੀ ਗਈ ਸੀ ਅਤੇ ਤਕਨੀਕੀ ਟੀਮ ਦੀ ਫਾਈਨਲ ਰਿਪੋਰਟ ਅਨੁਸਾਰ ਮਿਤੀ 5-1-2018 ਤੋਂ ਮਿਤੀ 13-7-2018 ਤਕ ਪਿੰਡ ਵਿੱਚ ਵਿਕਾਸ ਦੇ ਕਰਵਾਏ ਗਏ ਕੰਮਾਂ ਵਿੱਚ ਰਕਮ 20,67,068 ਰੁਪਏ ਦੀ ਘਪਲੇਬਾਜ਼ੀ ਰਣਜੋਧ ਸਿੰਘ ਅਧਿਕਾਰਤ ਪੰਚ, ਲੁਕੇਸ਼ ਥੰਮ੍ਹਣ ਜੇ ਈ ਅਤੇ ਪਵਿੱਤਰ ਸਿੰਘ ਪੰਚਾਇਤ ਸੈਕਟਰੀ ਵਗੈਰਾ ਵੱਲੋਂ ਕਰਨੀ ਪਾਈ ਗਈ ਹੈ।

ਵਿਜੀਲੈਂਸ ਦੀ ਤਕਨੀਕੀ ਟੀਮ ਦੀ ਰਿਪੋਰਟ ਮੁਤਾਬਕ ਗ੍ਰਾਮ ਪੰਚਾਇਤ ਪਿੰਡ ਕੋਟਲਾ ਸਲਮਾਨ ਵੱਲੋਂ ਵਿਕਾਸ ਦੇ ਕੰਮਾਂ ਨੂੰ ਕਰਵਾਉਣ ਤੋਂ ਪਹਿਲਾਂ ਉਸ ਦੀ ਤਕਨੀਕੀ ਪ੍ਰਵਾਨਗੀ ਲੈਣੀ ਜਰੂਰੀ ਸੀ ਕਿਉਂਕਿ ਉਸ ਦੇ ਮੁਤਾਬਕ ਹੀ ਮਟੀਰੀਅਲ ਦੀ ਮਿਕਦਾਰ ਅਤੇ ਰੇਟ ਮਨਜੂਰ ਕੀਤੇ ਜਾਂਦੇ ਹਨ ਪਰ ਲੁਕੇਸ਼ ਥੰਮ੍ਹਣ ਜੇ ਈ ਅਤੇ ਪਵਿੱਤਰ ਸਿੰਘ ਪੰਚਾਇਤ ਸੈਕਟਰੀ ਵੱਲੋਂ ਰਣਜੋਧ ਸਿੰਘ ਸਾਬਕਾ ਅਧਿਕਾਰਤ ਪੰਚ ਨਾਲ ਆਪਸ ਵਿਚ ਮਿਲੀਭੁਗਤ ਕਰਕੇ ਤਕਨੀਕੀ ਪ੍ਰਵਾਨਗੀ ਨਹੀਂ ਲਈ ਗਈ ਜਿਸ ਤੋਂ ਇਨ੍ਹਾਂ ਦੀ ਆਪਸ ਵਿਚ ਮਿਲੀਭੁਗਤ ਸਾਬਤ ਹੁੰਦੀ ਹੈ। ਇਸ ਤੋਂ ਇਲਾਵਾ ਤਰਲੋਚਨ ਸਿੰਘ ਸਾਬਕਾ ਸਰਪੰਚ ਦੇ ਅਰਸੇ ਦੌਰਾਨ ਤਾਇਨਾਤ ਰਹੇ ਲਲਿਤ ਗੋਇਲ ਜੇ ਈ ਪਾਸੋਂ ਵਾਰ ਵਾਰ ਮਾਪ ਪੁਸਤਕ (ਐਮਬੀ) ਦੀ ਮੰਗ ਕੀਤੀ ਗਈ ਤਾਂ ਜੋ ਤਰਲੋਚਨ ਸਿੰਘ ਸਾਬਕਾ ਸਰਪੰਚ ਦੇ ਅਰਸੇ ਦੌਰਾਨ ਪਿੰਡ ਕੋਟਲਾ ਸੁਲੇਮਾਨ ਵਿੱਚ ਕਰਵਾਏ ਗਏ ਕੰਮਾਂ ਬਾਰੇ ਚੈਕਿੰਗ ਕੀਤੀ ਜਾ ਸਕੇ ਪਰ ਲਲਿਤ ਗੋਇਲ ਜੇ ਈ ਵੱਲੋਂ ਪੜਤਾਲ ਦੌਰਾਨ ਆਪਣੀ ਮਾਪ ਪੁਸਤਕ ਵਾਰ ਵਾਰ ਮੰਗਣ ਉਪਰੰਤ ਵੀ ਪੇਸ਼ ਨਹੀਂ ਕੀਤੀ ਗਈ ਅਤੇ ਨਾ ਹੀ ਲਲਿਤ ਗੋਇਲ ਜੇ ਈ ਵੱਲੋਂ ਪਿੰਡ ਕੋਟਲਾ ਸੁਲੇਮਾਨ ਵਿਚ ਵਿਕਾਸ ਦੇ ਕੰਮਾਂ ਨਾਲ ਸਬੰਧਤ ਮਾਪ ਪੁਸਤਕ ਵਿਭਾਗ ਪਾਸ ਜਮ੍ਹਾਂ ਕਰਵਾਈ ਗਈ ਅਤੇ ਨਾ ਹੀ ਲੁਕੇਸ਼ ਥੰਮ੍ਹਣ ਜੇਈ ਵੱਲੋਂ ਲਲਿਤ ਗੋਇਲ ਜੇਈ ਪਾਸੋਂ ਮਾਪ ਪੁਸਤਕ ਦੀ ਮੰਗ ਕੀਤੀ ਗਈ ਜਿਸ ਤੋਂ ਸਾਫ ਜ਼ਾਹਿਰ ਹੁੰਦਾ ਹੈ ਕਿ ਲਲਿਤ ਗੋਇਲ ਜੇ ਈ ਵੱਲੋਂ ਤਰਲੋਚਨ ਸਿੰਘ ਦੇ ਅਰਸੇ ਦੌਰਾਨ ਕਰਵਾਏ ਗਏ ਕੰਮਾਂ ਨਾਲ ਸਬੰਧਤ ਮਾਪ ਪੁਸਤਕ ਨੂੰ ਖੁਰਦ ਬੁਰਦ ਕੀਤਾ ਗਿਆ ਹੈ ਅਤੇ ਲੋਕੇਸ਼ ਥੰਮ੍ਹਣ ਜੇ ਈ ਵੱਲੋਂ ਗਰਾਮ ਪੰਚਾਇਤ ਪਿੰਡ ਕੋਟਲਾ ਸੁਲੇਮਾਨ ਦੇ ਕੰਮਾਂ ਨੂੰ ਕਰਵਾਉਣ ਲਈ ਆਪਣੇ ਅਹੁਦੇ ਦੀ ਦੁਰਵਰਤੋਂ ਕਰਦੇ ਹੋਏ ਬਿਨਾਂ ਵਿਭਾਗ ਦੇ ਬੀ ਡੀ ਪੀ ਓ ਦਫਤਰ ਨੂੰ ਸੂਚਿਤ ਕੀਤੇ ਹੀ ਰਣਜੋਧ ਸਿੰਘ ਅਧਿਕਾਰਤ ਸਰਪੰਚ ਨਾਲ ਮਿਲੀਭੁਗਤ ਕਰਕੇ ਨਵੀਂ ਮਾਪ ਪੁਸਤਕ ਲਗਾ ਕੇ ਕੰਮ ਸ਼ੁਰੂ ਕਰਵਾ ਦਿੱਤੇ ਗਏ।

ਜਾਂਚ ਮੁਤਾਬਿਕ ਰਣਜੋਧ ਸਿੰਘ ਸਾਬਕਾ ਅਧਿਕਾਰਤ ਪੰਚ, ਤਰਲੋਚਨ ਸਿੰਘ ਸਾਬਕਾ ਸਰਪੰਚ ਪਿੰਡ ਕੋਟਲਾ ਸੁਲੇਮਾਨ ਅਤੇ ਲਲਿਤ ਗੋਇਲ ਜੇ ਈ, ਲੁਕੇਸ਼ ਥੰਮ੍ਹਣ ਜੇ ਈ, ਪਵਿੱਤਰ ਸਿੰਘ ਪੰਚਾਇਤ ਸੈਕਟਰੀ ਦਫ਼ਤਰ ਬੀ ਡੀ ਪੀ ਓ ਫ਼ਤਹਿਗੜ੍ਹ ਸਾਹਿਬ ਵੱਲੋਂ ਆਪਸ ਵਿਚ ਮਿਲੀਭੁਗਤ ਕਰਕੇ ਅਤੇ ਗਰਾਮ ਪੰਚਾਇਤ ਪਿੰਡ ਕੋਟਲਾ ਸੁਲੇਮਾਨ ਨੂੰ ਰੇਲਵੇ ਵਿਭਾਗ ਪਾਸੋਂ ਪੰਚਾਇਤੀ ਜ਼ਮੀਨ ਨੂੰ ਐਕਵਾਇਰ ਕਰਨ ਅਤੇ ਹੋਰਾਂ ਵਸੀਲਿਆਂ ਤੋਂ ਮਿਲੀ ਕੁੱਲ 4,20,25000 ਰੁਪਏ ਦੀ ਰਕਮ ਵਿਚੋਂ 2,86,25000 ਰੁਪਏ ਨਾਲ ਸੰਬੰਧਤ ਮਾਪ ਪੁਸਤਕ ਨੂੰ ਖੁਰਦ ਬੁਰਦ ਕਰਕੇ ਅਤੇ ਤਕਨੀਕੀ ਟੀਮ ਦੀ ਰਿਪੋਰਟ ਮੁਤਾਬਕ 20,67,068 ਰੁਪਏ ਦਾ ਘਪਲਾ ਕੀਤਾ ਗਿਆ ਹੈ। ਇਸ ਜਾਂਚ ਦੇ ਅਧਾਰ ਤੇ ਵਿਜੀਲੈਂਸ ਵੱਲੋਂ ਉਕਤ ਮੁਲਜਮਾਂ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭੀ ਗਈ ਹੈ।

------------